**ਦਫ਼ਤਰ, ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰਾਜੈਕਟ**
**ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਿਟੀ, ਪੰਜਾਬ।**

ਐਸ.ਸੀ ਓ ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ ਫ਼ੋਨ ਨੰ:172-2623006, 2623207, 2620106, 2621104,2631104,ਫੈਕਸ:0172-2624687 ਈ-ਮੇਲ: ssapunjab123@gmail.com

ਵੱਲ: ਚੇਅਰਮੈਨ,
ਪੰਜਾਬ ਸਕੂਲ ਸਿੱਖਿਆ ਬੋਰਡ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਮੀਮੋ ਨੰ: 9/5-2010/SSA/FTB/ 35481
ਮਿਤੀ,ਚੰਡੀਗੜ੍ਹ:4-5-10

**ਵਿਸ਼ਾ: ਵਿੱਦਿਅਕ ਸਾਲ 2010-11 ਲਈ ਪਹਿਲੀ ਤੋਂ ਅਠਵੀਂ ਜਮਾਤ ਦੇ ਵਿਦਿਆਰਥੀਆਂ ਲਈ ਸਕੂਲਾਂ ਦੀ ਮੰਗ ਅਨੁਸਾਰ ਪੁਸਤਕਾਂ ਉਪਲਬਧ ਕਰਵਾਉਣ ਸਬੰਧੀ।**

**ਹਵਾਲਾ:** ਇਸ ਦਫ਼ਤਰ ਦੇ ਪੱਤਰ ਮੀਮੋ ਨੰ:9/5-2010/SSA/FTB/27822 ਮਿਤੀ,ਚੰਡੀਗੜ੍ਹ: 02 ਮਾਰਚ,2010 ਦੀ ਲਗਾਤਾਰਤਾ ਵਿੱਚ।

1.0 ਉਪਰੋਕਤ ਵਿਸ਼ੇ ਅਤੇ ਹਵਾਲੇ ਵੱਲ ਧਿਆਨ ਦੇਣ ਦੀ ਕ੍ਰਿਪਾਲਤਾ ਕਰੋ ਜੀ।

2.0 ਰਾਜ ਦੇ ਕੁੱਝ ਇੱਕ ਜ਼ਿਲ੍ਹਿਆਂ ਤੋਂ ਪ੍ਰਾਪਤ ਸੂਚਨਾ ਅਨੁਸਾਰ ਸਕੂਲਾਂ ਵਿੱਚ ਪਿਛਲੇ ਸਾਲ ਨਾਲੋਂ ਵਿਦਿਆਰਥੀਆਂ ਦੀ ਗਿਣਤੀ ਵਿੱਚ ਵਾਧਾ ਹੋਇਆ ਹੈ, ਇਸ ਲਈ ਇਹਨਾਂ ਵਿਦਿਆਰਥੀਆਂ ਨੂੰ ਜ਼ਲਦ ਤੋਂ ਜ਼ਲਦ ਪੁਸਤਕਾਂ ਮੁਹੱਈਆ ਕਰਵਾਈਆਂ ਜਾਣੀਆਂ ਹਨ।

3.0 ਇਸ ਸਬੰਧੀ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਅਧਿਕਾਰੀਆਂ ਨਾਲ ਮਿਤੀ 25-02-2010 ਨੂੰ ਮੀਟਿੰਗ ਦੌਰਾਨ ਜ਼ਿਲ੍ਹਾ ਭਲਾਈ ਅਫ਼ਸਰਾਂ, ਜ਼ਿਲ੍ਹਾ ਕੋਆਰਡੀਨੇਟਰਜ਼ (ਟੈਕ.ਬੁਕਸ) ਅਤੇ ਜ਼ਿਲ੍ਹਾ ਡਿਪੂ ਮੈਨੇਜ਼ਰਾਂ ਦੀ ਹਾਜਰੀ ਵਿੱਚ ਸਰਬਸੰਮਤੀ ਨਾਲ ਇਹ ਫ਼ੈਸਲਾ ਕੀਤਾ ਗਿਆ ਸੀ ਕਿ ਸਕੂਲਾਂ ਦੀ ਮੰਗ ਅਨੁਸਾਰ ਲੋੜੀਂਦੀਆਂ ਕਿਤਾਬਾਂ ਦੀ ਸਪਲਾਈ ਤੁਰੰਤ ਕੀਤੀ ਜਾਵੇਗੀ ਅਤੇ ਸਕੂਲ ਮੁਖੀ, ਮੰਗ ਅਨੁਸਾਰ ਕਿਤਾਬਾਂ ਪ੍ਰਾਪਤ ਕਰਕੇ ਇਸ ਦੀ ਰਸੀਦ ਦੇਣਗੇ , ਜਿਸ ਦੇ ਆਧਾਰ 'ਤੇ ਬੋਰਡ ਨੂੰ ਅਦਾਇਗੀ ਕੀਤੀ ਜਾਵੇਗੀ।

4.0 ਆਪ ਜੀ ਨੂੰ ਇਸ ਸਬੰਧ ਵਿੱਚ ਬੇਨਤੀ ਹੈ ਕਿ ਸਕੂਲਾਂ ਦੀ ਮੰਗ ਅਨੁਸਾਰ ਸਾਰੇ ਵਿਦਿਆਰਥੀਆਂ (ਅਨੁਸੂਚਿਤ ਅਤੇ ਗ਼ੈਰ ਅਨੁਸੂਚਿਤ) ਨੂੰ ਲੋੜੀਂਦੀਆਂ ਕਿਤਾਬਾਂ ਦੀ ਸਪਲਾਈ ਯਕੀਨੀ ਬਣਾਈ ਜਾਵੇ ਜੀ।

**ਡੀ.ਜੀ.ਐੱਸ.ਈ.-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ, ਚੰਡੀਗੜ੍ਹ।**

ਪਿਠ ਅੰਕਣ ਨੰ:-ਉਕਤ- ਮਿਤੀ, ਚੰਡੀਗੜ੍ਹ:

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਉਹਨਾਂ ਦੀ ਜਾਣਕਾਰੀ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਭਲਾਈ ਵਿਭਾਗ ਪੰਜਾਬ।
2. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐਸਿ)।
3. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਸਿ)।

**ਡੀ.ਜੀ.ਐੱਸ.ਈ.-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ, ਚੰਡੀਗੜ੍ਹ।**